**VIGILANCE BUREAU PUNJAB**

**Vigilance nabs ASI for taking bribe of Rs 25000/-**

Chandigarh, August 2: Punjab Vigilance Bureau, today nabbed an Assistant Sub Inspector (ASI) posted at Police Post Jejo, Police Station Chabewal, Hoshiarpur red handed while accepting bribe of Rs 25000/-.

Disclosing this here an official spokesperson of the Vigilance Bureau said ASI Jagdish Lal was nabbed red handed on the complaint of Dharm Singh of Lehra Dhurkot, Bathinda district. The complainant has approached the VB and said he has a transport company and the accused ASI was demanding Rs 1000/- per vehicle for crossing the district and the deal was struck at Rs. 500 per vehicle. He further informed that he had already paid Rs. 3000 to the accused ASI.

After verifying his information, the vigilance team laid a trap and the accused ASI was arrested on the spot while taking bribe of Rs. 25000/- from the complainant in the presence of two official witnesses.

He informed that a case under Prevention of Corruption Act has been registered against the accused VB police station and further investigation was under progress.

----------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ 25,000 ਰੁਪਏ ਦੀ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 2 ਅਗਸਤ: ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਪੁਲਿਸ ਚੌਂਕੀ ਜੇਜੋ, ਥਾਣਾ ਚੱਬੇਵਾਲ, ਹੁਸ਼ਿਆਰਪੁਰ ਵਿਖੇ ਤਾਇਨਾਤ ਏ.ਐਸ.ਆਈ. ਜਗਦੀਸ਼ ਲਾਲ ਨੂੰ 25000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਧਰਮ ਸਿੰਘ ਵਾਸੀ ਲਹਿਰਾ ਧੂਰਕੋਟ, ਜਿਲਾ ਬਠਿੰਡਾ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਦੀ ਇਕ ਟਰਾਂਸੋਪਰਟ ਕੰਪਨੀ ਹੈ ਜਿਸ ਵਿਚ ਰੇਤਾ-ਬਜਰੀ ਦੀ ਢੋਆ-ਢੁਆਈ ਦਾ ਕੰਮ ਕੀਤਾ ਜਾਂਦਾ ਹੈ। ਪਰ ਉਕਤ ਏ.ਐਸ.ਆਈ ਵਲੋਂ ਉਸ ਤੋਂ ਪ੍ਰਤੀ ਟਰੱਕ 1000 ਰੁਪਏ ਦੀ ਮੰਗ ਕੀਤੀ ਜਾ ਰਹੀ ਹੈ ਅਤੇ ਸੌਦਾ 500 ਰੁਪਏ ਪ੍ਰਤੀ ਟਰੱਕ ਵਿਚ ਤੈਅ ਹੋਇਆ ਹੈ। ਸ਼ਿਕਾਇਤਰਤਾ ਨੇ ਦੱਸਿਆ ਕਿ ਉਸ ਵਲੋਂ ਪਹਿਲਾਂ ਹੀ ਉਕਤ ਏ.ਐਸ.ਆਈ ਨੂੰ 3,000 ਰੁਪਏ ਅਦਾ ਕੀਤੇ ਜਾ ਚੁੱਕੇ ਹਨ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 25,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਐਸ.ਏ.ਐਸ. ਨਗਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

----